1

ੴ ਸਤਿ ਨਾਮੁ
ਕਰਤਾ ਪੁਰਖੁ
ਨਿਰਭਉ
ਨਿਰਵੈਰੁ
ਅਕਾਲ ਮੂਰਤਿ
ਅਜੂਨੀ ਸੈਭੰ ਗੁਰ ਪ੍ਰਸਾਦਿ ॥

2

ਗਗਨ ਮੈ ਥਾਲੁ ਰਵਿ ਚੰਦੁ ਦੀਪਕ ਬਨੇ
ਤਾਰਿਕਾ ਮੰਡਲ ਜਨਕ ਮੋਤੀ ॥
ਧੂਪੁ ਮਲਆਨਲੋ ਪਵਣੁ ਚਵਰੋ ਕਰੇ
ਸਗਲ ਬਨਰਾਇ ਫੂਲੰਤ ਜੋਤੀ ॥
ਕੈਸੀ ਆਰਤੀ ਹੋਇ ॥ ਭਵਖੰਡਨਾ ਤੇਰੀ ਆਰਤੀ ॥
ਅਨਹਤਾ ਸਬਦ ਵਾਜੰਤ ਭੇਰੀ ॥

3
ਅਮਲੁ ਕਰਿ ਧਰਤੀ ਬੀਜੁ ਸਬਦੋ ਕਰਿ
ਸਚ ਕੀ ਆਬ ਨਿਤ ਦੇਹਿ ਪਾਣੀ ॥
ਹੋਇ ਕਿਰਸਾਣੁ ਈਮਾਨੁ ਜੰਮਾਇ ਲੈ
ਭਿਸਤੁ ਦੋਜਕੁ ਮੂੜੇ ਏਵ ਜਾਣੀ ॥

4
ਭੰਡੁ ਮੁਆ ਭੰਡੁ ਭਾਲੀਐ ਭੰਡਿ ਹੋਵੈ ਬੰਧਾਨੁ ॥
ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ ॥

5

ਜਉ ਤਉ ਪ੍ਰੇਮ ਖੇਲਣ ਕਾ ਚਾਉ ॥
ਸਿਰੁ ਧਰਿ ਤਲੀ ਗਲੀ ਮੇਰੀ ਆਉ ॥
ਇਤੁ ਮਾਰਗਿ ਪੈਰ ਧਰੀਜੈ
ਸਿਰੁ ਦੀਜ ਕਾਣਿ ਨ ਕੀਜੈ

6

ਆਪੇ ਪਟੀ ਕਲਮ ਆਪਿ ਉਪਰਿ ਲੇਖੁ ਭਿ ਤੂ
ਏਕੋ ਕਹੀਐ ਨਾਨਕਾ ਦੂਜਾ ਕਾਹੇ ਕੂ

7
ਸੂਰਜੁ ਏਕੋ ਰੁਤਿ ਅਨੇਕ ॥
ਨਾਨਕ ਕਰਤੇ ਕੇ ਕੇਤੇ ਵੇਸ ॥

8
ਜਾਲਉ ਐਸੀ ਰੀਤਿ ਜਿਤੁ ਮੈ ਪਿਆਰਾ ਵੀਸਰੈ ॥
ਨਾਨਕ ਸਾਈ ਭਲੀ ਪਰੀਤਿ ਜਿਤੁ ਸਾਹਿਬ ਸੇਤੀ ਪਤਿ ਰਹੈ ॥

9
ਜਬ ਲਗੁ ਦੁਨੀਆ ਰਹੀਐ ਨਾਨਕ ਕਿਛੁ ਸੁਣੀਐ ਕਿਛੁ ਕਹੀਐ ॥
ਭਾਲਿ ਰਹੇ ਹਮ ਰਹਣੁ ਨ ਪਾਇਆ ਜੀਵਤਿਆ ਮਰਿ ਰਹੀਐ ॥

10
ਮਨੁ ਪਰਦੇਸੀ ਜੇ ਥੀਐ ਸਭੁ ਦੇਸੁ ਪਰਾਇਆ ॥
ਕਿਸੁ ਪਹਿ ਖੋਲਉ ਗੰਠੜੀ ਦੂਖੀ ਭਰਿ ਆਇਆ ॥

11

ਨੀਚਾ ਅੰਦਰਿ ਨੀਚ ਜਾਤਿ ਨੀਚੀ ਹਉ ਅਤਿ ਨੀਚ ॥
ਨਾਨਕ ਤਿਨ ਕੇ ਸੰਗ ਸਾਥ ਵਡਿਆ ਸਿਉ ਕਿਆ ਰੀਸ ॥
ਜਿਥੈ ਨੀਚ ਸਮਾਲੀਅਨਿ ਤਿਥੈ ਨਦਰਿ ਤੇਰੀ ਬਖਸੀਸ ॥

12
ਘਾਲਿ ਖਾਇ ਕਿਛੁ ਹਥਹੁ ਦੇਇ ॥
ਨਾਨਕ ਰਾਹੁ ਪਛਾਣਹਿ ਸੇਇ ॥

13
ਧੰਨ ਸੁ ਕਾਗਦੁ ਕਲਮ ਧੰਨੁ ਧਨੁ ਭਾਂਡਾ ਧਨੁ ਮਸੁ ॥
ਧਨੁ ਲੇਖਾਰੀ ਨਾਨਕਾ ਜਿਨਿ ਨਾਮੁ ਲਿਖਾਇਆ ਸਚੁ ॥

14
ਦੀਵਾ ਮੇਰਾ ਏਕੁ ਨਾਮੁ ਦੁਖੁ ਵਿਚਿ ਪਾਇਆ ਤੇਲੁ
ਉਨਿ ਚਾਨਣਿ ਓਹੁ ਸੋਖਿਆ ਚੂਕਾ ਜਮ ਸਿਉ ਮੇਲੁ

15

ਸਭ ਮਹਿ ਜੋਤਿ ਜੋਤਿ ਹੈ ਸੋਇ ॥
ਤਿਸ ਦੈ ਚਾਨਣਿ ਸਭ ਮਹਿ ਚਾਨਣੁ ਹੋਇ ॥
ਗੁਰ ਸਾਖੀ ਜੋਤਿ ਪਰਗਟੁ ਹੋਇ ॥
ਜੋ ਤਿਸੁ ਭਾਵੈ ਸੁ ਆਰਤੀ ਹੋਇ ॥